Vigilance Bureau Punjab

# Vigilance Bureau books Depot Holder, Sarpanch, two others for misappropriating wheat quota

Chandigarh, January 15:

Punjab Vigilance Bureau today registered a criminal case against a fair price shop owner (Depot holder) Purshotam Lal, his wife Sonia, village Sarpanch Rajni and Committee Member Diwan Chand for misappropriation in distribution of wheat under PDS in village Khiala, Pathankot district.

Disclosing this here today, an official spokesperson of the Vigilance Bureau said Purshotam Lal was running a depot at village Khiala, Pathankot and was allocated wheat for distribution to BPL families. As per enquiry conducted by Food and Civil Supplies Department, 229 blue cards were issued to BPL families in this village. In this connection, 138 quintal wheat was allocated to this shop during the period of December 2014 to March 2017.

He further stated that Purshotam Lal in connivance with Sarpanch Rajini and others usurped the wheat which was supposed to be distributed to poor families. But this wheat was not distributed to the beneficiaries under the public distribution scheme implemented by Punjab Government.

He informed that a criminal case in this regard has been registered at VB police station Amritsar u/s 409, 420, 465, 467, 468, 471 and 120-B of IPC to probe the allegations of which was under progress.

--------------------

ਵਿਜੀਲੈਂਸ ਬਿਊਰੋ ਪੰਜਾਬ

# ਵਿਜੀਲੈਂਸ ਬਿਊਰੋ ਵੱਲੋਂ ਗਰੀਬਾਂ ਲਈ ਕਣਕ ਵੰਡਣ ਵਿੱਚ ਹੇਰਾ-ਫੇਰੀ ਲਈ ਡਿਪੂ ਹੋਲਡਰ ਅਤੇ ਸਰਪੰਚ ਸਮੇਤ ਦੋ ਹੋਰਨਾਂ ਖਲਿਾਫ ਕੇਸ ਦਰਜ

ਚੰਡੀਗੜ, 15 ਜਨਵਰੀ :

ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਪਠਾਨਕੋਟ ਜ਼ਿਲੇ ਦੇ ਪਿੰਡ ਖਿਆਲਾ ਵਿਖੇ ਜਨਤਕ ਵੰਡ ਪ੍ਰਣਾਲੀ ਤਹਿਤ ਕਣਕ ਦੀ ਵੰਡ ਵਿੱਚ ਹੇਰਾ-ਫੇਰੀ ਕਰਨ ਦੇ ਦੋਸ ਹੇਠ ਸਰਕਾਰੀ ਰਾਸ਼ਨ ਡਿਪੂ ਦੇ ਮਾਲਕ ਪਰਸ਼ੋਤਮ ਲਾਲ, ਉਸਦੀ ਪਤਨੀ ਸੋਨੀਆ, ਪਿੰਡ ਦੀ ਸਰਪੰਚ ਰਜਨੀ ਅਤੇ ਕਮੇਟੀ ਮੈਂਬਰ ਦਿਵਾਨ ਚੰਦ ਖਿਲਾਫ਼ ਫੌਜਦਾਰੀ ਕੇਸ ਦਰਜ ਕੀਤਾ ਹੈ।

ਇਸ ਬਾਰੇ ਜਾਣਕਾਰੀ ਦਿੰਦਿਆਂ, ਵਿਜੀਲੈਂਸ ਬਿਊਰੋ ਦੇ ਇੱਕ ਬੁਲਾਰੇ ਨੇ ਦੱਸਿਆ ਕਿ ਪਠਾਨਕੋਟ ਜ਼ਿਲੇ ਦੇ ਪਿੰਡ ਖਿਆਲਾ ਵਿਖੇ ਰਾਸ਼ਨ ਡਿਪੂ ਚਲਾ ਰਹੇ ਪਰਸ਼ੋਤਮ ਲਾਲ ਨੂੰ ਬੀ.ਪੀ.ਐਲ. ਪਰਿਵਾਰਾਂ ਨੂੰ ਵੰਡਣ ਲਈ ਕਣਕ ਦਾ ਕੋਟਾ ਅਲਾਟ ਕੀਤਾ ਗਿਆ ਸੀ। ਖੁਰਾਕ ਅਤੇ ਸਿਵਲ ਸਪਲਾਈ ਵਿਭਾਗ ਵੱਲੋਂ ਕੀਤੀ ਜਾਂਚ ਅਨੁਸਾਰ ਇਸ ਪਿੰਡ ਵਿੱਚ ਬੀ.ਪੀ.ਐਲ. ਪਰਿਵਾਰਾਂ ਨੂੰ ਜਾਰੀ 229 ਨੀਲੇ ਕਾਰਡਾਂ ਸਬੰਧੀ ਦਸੰਬਰ 2014 ਤੋਂ ਮਾਰਚ 2017 ਦੇ ਅਰਸੇ ਦੌਰਾਨ ਇਸ ਡਿਪੂ ਨੂੰ 138 ਕੁਇੰਟਲ ਕਣਕ ਅਲਾਟ ਕੀਤੀ ਗਈ ਸੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਪਰਸ਼ੋਤਮ ਲਾਲ ਨੇ ਸਰਪੰਚ ਰਜਨੀ ਅਤੇ ਹੋਰਨਾਂ ਨਾਲ ਮਿਲੀਭੁਗਤ ਕਰਕੇ ਗਰੀਬ ਪਰਿਵਾਰਾਂ ਨੂੰ ਵੰਡਣ ਲਈ ਡਿਪੂ ‘ਤੇ ਆਈ ਕਣਕ ਹੜੱਪ ਲਈ। ਇਹ ਕਣਕ ਪੰਜਾਬ ਸਰਕਾਰ ਵੱਲੋਂ ਲਾਗੂ ਜਨਤਕ ਵੰਡ ਪ੍ਰਣਾਲੀ ਸਕੀਮ ਤਹਿਤ ਲਾਭਪਾਤਰੀਆਂ ਨੂੰ ਨਹੀਂ ਵੰਡੀ ਗਈ।

ਬੁਲਾਰੇ ਨੇ ਦੱਸਿਆ ਕਿ ਇਸ ਸਬੰਧੀ ਵਿਜੀਲੈਂਸ ਬਿਊਰੋ ਦੇ ਪੁਲੀਸ ਥਾਣਾ ਅੰਮ੍ਰਿਤਸਰ ਵਿਖੇ ਆਈ.ਪੀ.ਸੀ. ਦੀ ਧਾਰਾ 409, 420, 465, 467, 468, 471 ਅਤੇ 120-ਬੀ ਤਹਿਤ ਫੌਜਦਾਰੀ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਦੋਸ਼ਾਂ ਦੀ ਪੜਤਾਲ ਲਈ ਅਗਲੇਰੀ ਜਾਂਚ ਜਾਰੀ ਹੈ।

------